# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :01-09-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹੈ ਕਿ ਦਹਿਸ਼ਤਗਰਦੀ 'ਤੇ ਦੋਹਰੇ ਮਾਪਦੰਡ ਅਸਵੀਕਾਰਨਯੋਗ ਨੇ। ਆਪਣੇ ਚੀਨ ਦੌਰੇ ਦੌਰਾਨ ਤਿਆਨਜਿਨ ਵਿੱਚ ਐਸਸੀਓ ਸੰਮੇਲਨ ਵਿੱਚ ਸੰਬੋਧਨ ਕਰਦੇ ਹੋਏ ਸ਼੍ਰੀ ਮੋਦੀ ਨੇ ਦਹਿਸ਼ਤਗਰਦੀ ਨੂੰ ਮਨੁੱਖਤਾ ਲਈ ਇੱਕ ਵੱਡੀ ਚੁਣੌਤੀ ਦੱਸਦਿਆਂ, ਕਿਹਾ ਕਿ ਇਸ ਦੇ ਸਾਰੇ ਰੂਪਾਂ ਵਿੱਚ ਦਹਿਸ਼ਤਗਰਦੀ ਦੀ ਨਿਖੇਧੀ ਕੀਤੀ ਜਾਣੀ ਚਾਹੀਦੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਪਿਛਲੇ ਚਾਰ ਦਹਾਕਿਆਂ ਤੋਂ ਦਹਿਸ਼ਤਗਰਦੀ ਨਾਲ ਨਜਿੱਠ ਰਿਹਾ ਏ। ਉਨ੍ਹਾਂ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਭਾਰਤ ਨਾਲ ਇਕਜੁੱਟਤਾ ਦਿਖਾਉਣ ਵਾਲੇ ਦੇਸ਼ਾਂ ਦਾ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਨੇ ਐਸਸੀਓ ਦੇ ਮੈਂਬਰ ਵਜੋਂ ਬਹੁਤ ਸਕਾਰਾਤਮਕ ਭੂਮਿਕਾ ਨਿਭਾਈ ਏ। ਉਨ੍ਹਾਂ ਅੱਗੇ ਕਿਹਾ ਕਿ ਐਸਸੀਓ ਲਈ ਭਾਰਤ ਦਾ ਨਜ਼ਰੀਆ ਅਤੇ ਨੀਤੀ ਤਿੰਨ ਮਹੱਤਵਪੂਰਨ ਥੰਮ੍ਹਾਂ ਸੁਰੱਖਿਆ, ਸੰਪਰਕ ਅਤੇ ਮੌਕੇ, 'ਤੇ ਅਧਾਰਤ ਏ ।

-----------------------------------------------------------------

ਹੜ੍ਹਾਂ ਤੋਂ ਪ੍ਰਭਾਵਿਤ ਪੰਜਾਬ ਦੀਆਂ ਮੁਸੀਬਤਾਂ ਜਲਦ ਖਤਮ ਹੁੰਦੀਆਂ ਨਜ਼ਰ ਨਹੀਂ ਆ ਰਹੀਆਂ ਕਿਉਂਕਿ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਰਾਵੀ, ਬਿਆਸ ਅਤੇ ਸਤਲੁਜ ਦਰਿਆਵਾਂ ਵਿੱਚ ਪਾਣੀ ਦੇ ਪੱਧਰ ਨੂੰ ਵਧਾ ਰਹੀ ਏ। ਭਾਖੜਾ, ਪੌਂਗ ਅਤੇ ਹੋਰ ਡੈਮਾਂ ਤੋਂ ਨਿਯੰਤਰਿਤ ਢੰਗ ਨਾਲ ਛੱਡਿਆ ਜਾ ਰਿਹਾ ਪਾਣੀ ਸਮੱਸਿਆ ਨੂੰ ਹੋਰ ਵਧਾ ਰਿਹਾ ਏ। ਸੂਬੇ ਦੇ ਸਾਰੇ ਕਾਲਜ, ਯੂਨੀਵਰਸਿਟੀਆਂ ਅਤੇ ਪੌਲੀਟੈਕਨਿਕ ਵੀ ਬੁੱਧਵਾਰ ਤੱਕ ਬੰਦ ਕਰ ਦਿੱਤੇ ਗਏ ਨੇ, ਸਕੂਲ ਪਹਿਲਾਂ ਹੀ ਬੰਦ ਕੀਤੇ ਗਏ ਸੀ। ਉਧਰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਰਾਜਪਾਲ ਨਾਲ ਗੱਲ ਕਰ ਕੇ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸੂਬੇ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।

***ਵੇਰਵੇ ਨਾਲ ਇਕ ਰਿਪੋਰਟ...***

-----------------------------------------------------------------

ਉਧਰ ਬੀਤੀ ਰਾਤ ਭਾਰੀ ਮੀਂਹ ਕਾਰਨ ਮਾਨਸਾ ਦੇ ਪਿੰਡ ਚੈਨੇਵਾਲਾ ਵਿਖੇ ਮਜ਼ਦੂਰ ਪਰਿਵਾਰ ਦੇ ਕੱਚੇ ਮਕਾਨ ਦੀ ਛੱਤ ਡਿੱਗ ਗਈ ਜਿਸ ਹੇਠਾਂ ਆ ਕੇ ਚਾਚੇ-ਭਤੀਜੇ ਦੀ ਮੌਤ ਹੋ ਗਈ ਜਦਕਿ ਇਕ ਬੱਚੀ ਦਾ

ਬਚਾਅ ਹੋ ਗਿਆ। ਹਲਕਾ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਕਿਹਾ ਕਿ ਪੀੜਤ ਪਰਿਵਾਰ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।

---------------------------------------------------------------------------------------------

ਜੰਮੂ-ਕਸ਼ਮੀਰ ਵਿੱਚ, ਤ੍ਰਿਕੁਟਾ ਪਹਾੜੀਆਂ ਵਿੱਚ ਮੌਸਮ ਦੀ ਖਰਾਬੀ ਦੇ ਮੱਦੇਨਜ਼ਰ ਚੌਕਸੀ ਵਜੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਯਾਤਰਾ ਅੱਜ ਲਗਾਤਾਰ 7ਵੇਂ ਦਿਨ ਵੀ ਅਸਥਾਈ ਤੌਰ ’ਤੇ ਰੋਕ ਦਿੱਤੀ ਗਈ ਏ। ਸਾਡੇ ਜੰਮੂ ਵਾਲੇ ਪੱਤਰਕਾਰ ਨੇ ਜਾਣਕਾਰੀ ਦਿੱਤੀ ਏ ਕਿ ਪਿਛਲੇ ਹਫ਼ਤੇ ਲਗਾਤਾਰ ਮੀਂਹ ਕਾਰਨ ਬਾਣਗੰਗਾ ਵਿੱਚ ਅਚਾਨਕ ਹੜ੍ਹ ਆ ਗਏ ਸਨ ਜਿਸ ਕਾਰਨ ਅਧਿਕਾਰੀਆਂ ਨੂੰ ਸ਼ਰਧਾਲੂਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਆਵਾਜਾਈ ਨੂੰ ਰੋਕਣਾ ਪਿਆ। ਅੱਜ ਸਵੇਰੇ, ਮੌਸਮ ਵਿੱਚ ਥੋੜ੍ਹਾ ਸੁਧਾਰ ਹੋਣ ਦੀ ਖਬਰ ਏ ਜਿਸ ਨਾਲ ਕਈ ਦਿਨਾਂ ਦੀ ਲਗਾਤਾਰ ਬਾਰਿਸ਼ ਤੋਂ ਬਾਅਦ ਰਾਹਤ ਦੀ ਭਾਵਨਾ ਮਿਲੀ ਏ। ਹਾਲਾਂਕਿ, ਅਧਿਕਾਰੀਆਂ ਨੇ ਕਿਹਾ ਕਿ ਯਾਤਰਾ ਤਕਨੀਕੀ ਅਤੇ ਸੁਰੱਖਿਆ ਏਜੰਸੀਆਂ ਤੋਂ ਮਨਜ਼ੂਰੀ ਮਿਲਣ ਤੋਂ ਬਾਅਦ ਹੀ ਮੁੜ ਸ਼ੁਰੂ ਹੋਵੇਗੀ। ਜ਼ਿਲ੍ਹਾ ਪ੍ਰਸ਼ਾਸਨ ਅਤੇ ਸ਼ਰਾਈਨ ਬੋਰਡ ਦੇ ਅਧਿਕਾਰੀਆਂ ਨੇ ਸ਼ਰਧਾਲੂਆਂ ਅਤੇ ਸਥਾਨਕ ਲੋਕਾਂ ਨੂੰ ਸਾਵਧਾਨ ਰਹਿਣ ਅਤੇ ਯਾਤਰਾ ਦੇ ਮੁੜ ਸ਼ੁਰੂ ਹੋਣ ਬਾਰੇ ਅਧਿਕਾਰਤ ਐਲਾਨ ਹੋਣ ਤੱਕ ਧਾਰਮਿਕ ਸਥਾਨ ਵੱਲ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ ਦਿੱਤੀ ਏ।

---

ਕੇਂਦਰੀ ਸ਼ਹਿਰੀ ਅਤੇ ਮਕਾਨ ਉਸਾਰੀ ਅਤੇ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਨੇ ਅੱਜ ਮੁਹਾਲੀ ਜ਼ਿਲ੍ਹੇ ਦੀ ਪਿੰਡ ਘੜੂੰਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਦੇਸ਼ ਦੇ ਪਹਿਲੇ ਯੂਨੀਵਰਸਿਟੀਆਂ ਦੀ ਅਗਵਾਈ ਵਾਲੇ ਸਟਾਰਟ ਅੱਪ ਦਾ ਕੈਂਪਸ ਟੈਂਕ ਪ੍ਰੋਜੈਕਟ ਦਾ ਉਦਘਾਟਨ ਕੀਤਾ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਅਤੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਤੇ ਇੰਡਸਟਰੀ ਨਾਲ ਜੁੜ੍ਹੇ ਲੋਕ ਤੇ ਹੋਰ ਪਤਵੰਤੇ ਵੀ ਹਾਜ਼ਰ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਕੇਂਦਰੀ ਮੰਤਰੀ ਖੱਟਰ ਨੇ ਦੱਸਿਆ ਕਿ ਮੋਦੀ ਸਰਕਾਰ ਦੇ ਕਾਰਜਕਾਲ ਵਿੱਚ ਸਟਾਰਟਅਪਸ ਦੀ ਗਿਣਤੀ ਚਾਰ ਸੌ ਤੋਂ ਵੱਧ ਕੇ ਗਿਆਰਾਂ ਸਾਲ ਬਾਅਦ ਕਰੀਬ ਡੇਢ ਲੱਖ ਹੋ ਚੁਕੀ ਏ।

---

ਕਾਊਂਟਰ ਇੰਟੈਲੀਜੈਂਸ ਪਠਾਨਕੋਟ, ਲੁਧਿਆਣਾ ਅਤੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਸਾਂਝੇ ਤੌਰ ’ਤੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਸਮਰਥਿਤ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਦੋ ਕਾਰਕੁਨਾਂ ਨੂੰ ਗ੍ਰਿਫਤਾਰ ਕਰ ਕੇ ਸੂਬੇ ਵਿੱਚ ਹੋਣ ਵਾਲੀਆਂ ਦਹਿਸ਼ਤਗਰਦੀ ਗਤੀਵਿਧੀਆਂ ਨੂੰ ਨਾਕਾਮ ਕਰ

ਦਿੱਤਾ ਏ। ਇਹ ਜਾਣਕਾਰੀ ਜਾਣਕਾਰੀ ਦਿੰਦਿਆਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਰਵਣ ਕੁਮਾਰ ਅਤੇ ਬਲਵਿੰਦਰ ਸਿੰਘ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਆਰਗੇਸ ਹੈਂਡ ਗ੍ਰਨੇਡ, ਇਕ ਪਿਸਤੌਲ ਤੇ ਅਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਆਪਣੇ ਵਿਦੇਸ਼ੀ ਹੈਂਡਲਰਾਂ, ਜਿਨ੍ਹਾਂ ਨੂੰ ਬੱਬਰ ਖਾਲਸਾ ਇੰਟਰਨੈਸ਼ਨਲ ਦਾ ਸਮਰਥਨ ਪ੍ਰਾਪਤ ਏ, ਦੇ ਨਿਰਦੇਸ਼ਾਂ ’ਤੇ ਕੰਮ ਕਰ ਰਹੇ ਸਨ। ਡੀਜੀਪੀ ਨੇ ਦੱਸਿਆ ਕਿ ਇਸ ਨੈੱਟਵਰਕ ਨਾਲ ਜੁੜੇ ਹੋਰਨਾਂ ਮੈਂਬਰਾਂ ਦਾ ਪਤਾ ਲਾਉਣ ਅਤੇ ਉਨ੍ਹਾਂ ਨੂੰ ਫੜਨ ਲਈ ਕੋਸ਼ਿਸ਼ ਜਾਰੀ ਏ।